11.00/24.6.2022/ਜਸਪਾਲ/ਟਿਵਾਣਾ

# PUNJAB VIDHAN SABHA

*Friday, the 24th June, 2022*
*(Morning Sitting)*

*The Vidhan Sabha met in the Punjab Vidhan Sabha Hall, Vidhan Bhavan, Sector -1, Chandigarh at 11.00 A.M. Mr. Speaker (Sardar Kultar Singh Sandhwan) in the Chair.*

------

**OBITUARY REFERENCES**

**ਮਾਨਯੋਗ ਸਪੀਕਰ :** ਵਾਹਿਗੁਰੂ । ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ। ਕੁਝ ਉੱਘੀਆਂ ਸ਼ਖਸੀਅਤਾਂ ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੇ ਹੋਏ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਟ ਕਰੀਏ।

ਸਰਦਾਰ ਹਰਦੀਪਇੰਦਰ ਸਿੰਘ ਬਾਦਲ, ਸਾਬਕਾ ਮੰਤਰੀ ਸਾਨੂੰ ਮਿਤੀ 4 ਅਪ੍ਰੈਲ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਜੂਨ, 1942 ਨੂੰ ਸ੍ਰੀ ਅੰਮ੍ਰਿਤਸਰ ਵਿਖੇ ਹੋਇਆ। ਉਹ ਸਾਲ 1980 ਅਤੇ 1985 ਵਿੱਚ ਦੋ ਵਾਰੀ ਲੰਬੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਰਹੇ। ਉਹ ਸਾਲ 1985 ਵਿੱਚ ਸਰਦਾਰ ਸੁਰਜੀਤ ਸਿੰਘ ਬਰਨਾਲਾ ਜੀ ਦੀ ਵਜ਼ਾਰਤ ਵਿੱਚ ਰਾਜ ਦੇ ਟਰਾਂਸਪੋਰਟ ਮੰਤਰੀ ਵੀ ਰਹੇ, ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਰਹੇ।

ਜਥੇਦਾਰ ਤੋਤਾ ਸਿੰਘ, ਸਾਬਕਾ ਮੰਤਰੀ ਉਹ ਵੀ ਸਾਨੂੰ ਮਿਤੀ 21 ਮਈ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 2 ਮਾਰਚ, 1941 ਨੂੰ ਪਿੰਡ ਦੀਦਾਰ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵਿਖੇ ਹੋਇਆ। ਉਹ ਸਾਲ 1997 ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਬਣੇ ਅਤੇ ਸਾਲ 2002 ਵਿਚ ਵਿਧਾਨ ਸਭਾ ਹਲਕਾ ਮੋਗਾ ਤੋਂ ਅਤੇ ਸਾਲ 2012 ਵਿੱਚ ਵਿਧਾਨ ਸਭਾ ਹਲਕਾ ਧਰਮਕੋਟ ਤੋਂ ਵਿਧਾਇਕ ਚੁਣੇ ਗਏ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਬਣੇ । ਉਹ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ

ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਰਹੇ । ਉਹ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੀ ਰਹੇ । ਇਸ ਤੋਂ ਇਲਾਵਾ ਉਹ ਪੰਜਾਬ ਵਿਧਾਨ ਸਭਾ ਦੀਆਂ ਵੱਖ ਵੱਖ ਕਮੇਟੀਆਂ ਦੇ ਚੇਅਰਮੈਨ ਅਤੇ ਮੈਂਬਰ ਵੀ ਰਹੇ।

ਸਰਦਾਰ ਸੁਖਵੇਦ ਸਿੰਘ ਸੁਖਲੱਧੀ, ਸਾਬਕਾ ਵਿਧਾਇਕ ਵੀ ਸਾਨੂੰ ਮਿਤੀ 3 ਮਈ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਸਾਲ 1941 ਵਿੱਚ ਪਿੰਡ ਸੁਖਲੱਧੀ, ਜ਼ਿਲ੍ਹਾ ਬਠਿੰਡਾ ਵਿਖੇ ਹੋਇਆ। ਉਹ ਸਾਲ 1977 ਵਿਚ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਤੋਂ ਵਿਧਾਇਕ ਚੁਣੇ ਗਏ ਸਨ।

ਸ਼੍ਰੀ ਸ਼ਿੰਗਾਰਾ ਰਾਮ ਸਹੂੰਗੜਾ ਜੀ, ਸਾਬਕਾ ਵਿਧਾਇਕ ਵੀ ਸਾਨੂੰ ਮਿਤੀ 2 ਅਪ੍ਰੈਲ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਮਈ, 1963 ਨੂੰ ਪਿੰਡ ਸਹੂੰਗੜਾ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੋਇਆ। ਉਹ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਤੋਂ ਬਹੁਜਨ ਸਮਾਜ ਪਾਰਟੀ ਦੇ ਦੋ ਵਾਰ ਵਿਧਾਇਕ ਚੁਣੇ ਗਏ ਹਨ। ਉਹ ਜ਼ਿਲ੍ਹਾ ਸ਼ਿਕਾਇਤਾਂ ਕਮੇਟੀ ਅਤੇ ਪਲਾਨਿੰਗ ਬੋਰਡ ਦੇ ਮੈਂਬਰ ਵੀ ਰਹੇ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਤੇ ਪੱਛੜੀਆਂ ਸ਼੍ਰੇਣੀਆਂ ਦੀ ਕਮੇਟੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ। ਉਨ੍ਹਾਂ ਨੇ ਸਮਾਜ ਦੇ ਗਰੀਬ ਅਤੇ ਦਬੇ ਕੁਚਲੇ ਵਰਗਾਂ ਦੀ ਭਲਾਈ ਲਈ ਕਈ ਕੰਮ ਕੀਤੇ।

ਇਨ੍ਹਾਂ ਸ਼ਖਸੀਅਤਾਂ ਤੋਂ ਇਲਾਵਾ ਸਰਦਾਰ ਤਾਰਾ ਸਿੰਘ, ਸਰਦਾਰ ਸਵਰਨ ਸਿੰਘ, ਸਰਦਾਰ ਕਰੋੜਾ ਸਿੰਘ ਅਤੇ ਸਰਦਾਰ ਸੁਖਰਾਜ ਸਿੰਘ ਸੰਧਾਵਾਲੀਆ, ਸਾਰੇ ਸੁਤੰਤਰਤਾ ਸੰਗਰਾਮੀ ਵੀ ਪਿਛਲੇ ਦਿਨਾਂ ਵਿਚ ਸਾਨੂੰ ਸਭਨਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ।

ਸਰਦਾਰ ਗੁਰਚਰਨ ਸਿੰਘ ਭੰਗੂ, ਅਰਜੁਨ ਐਵਾਰਡੀ ਵੀ ਸਾਨੂੰ ਮਿਤੀ 24 ਮਈ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 31 ਜੁਲਾਈ, 1933 ਨੂੰ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਹੋਇਆ, ਉਨ੍ਹਾਂ ਨੂੰ ਦੁਨੀਆ ਦੀ ਸਭ ਤੋਂ ਉਚੀ ਚੋਟੀ ਮਾਊਂਟ ਐਵਰੈਸਟ ਉਤੇ ਸਫਲਤਾ ਪੂਰਵਕ ਚੜ੍ਹਨ ਲਈ ਸਾਲ 1965 ਵਿਚ ਅਰਜੁਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਸਾਲ 1970 ਵਿਚ ਇੰਡੀਅਨ ਪੁਲਿਸ ਮੈਡਲ ਨਾਲ ਵੀ ਨਿਵਾਜਿਆ ਗਿਆ।

ਬ.ਕ./ਹ.ਸ./24.6.22/11.05

ਸ਼੍ਰੀ ਹਰੀ ਚੰਦ, ਅਰਜੁਨ ਐਵਾਰਡੀ ਵੀ ਸਾਨੂੰ 12 ਜੂਨ, 2022 ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 1 ਅਪ੍ਰੈਲ, 1953 ਨੂੰ ਪਿੰਡ ਘੋੜੇਵਾਹਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਇਆ। ਉਨ੍ਹਾਂ ਨੇ ਸਾਲ 1978 ਦੀ ਬੈਂਕਾਕ ASIAD ਵਿੱਚ 5,000 ਮੀਟਰ ਅਤੇ 10,000 ਮੀਟਰ ਦੌੜ ਵਿੱਚ ਇਕੋ ਸਮੇਂ ਸੋਨ ਤਗਮੇ ਪ੍ਰਾਪਤ ਕੀਤੇ। ਉਨ੍ਹਾਂ ਨੇ ਸਾਲ 1975 ਵਿੱਚ ਸਿਓਲ ਵਿਖੇ ਏਸ਼ੀਅਨ ਐਥਲੈਟਿਕ ਚੈਂਪੀਅਨਸ਼ਿਪ 10,000 ਮੀਟਰ ਦੌੜ ਵਿੱਚ ਸੋਨ ਤਗਮਾ ਅਤੇ 5,000 ਮੀਟਰ ਦੌੜ ਵਿੱਚ ਕਾਂਸੀ ਤਗਮਾ ਜਿੱਤਿਆ ਅਤੇ ਦੇਸ਼ ਦਾ ਨਾਮ ਰੋਸ਼ਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਸਾਲ 1976 ਵਿੱਚ ਮੋਨਟ੍ਰੀਅਲ ਉਲੰਪਿਕ ਵਿੱਚ 10,000 ਮੀਟਰ ਦੌੜ ਵਿੱਚ 28 ਮਿੰਟ 48 ਸੈਕਿੰਡ ਅਤੇ 72 ਨੈਨੋ ਸੈਕਿੰਡ ਵਿੱਚ ਨੈਸ਼ਨਲ ਰਿਕਾਰਡ ਹਾਸਲ ਕੀਤਾ। ਉਹ ਸੀ.ਆਰ.ਪੀ.ਐਫ ਵਿੱਚ ਕਮਾਂਡੈਂਟ ਦੇ ਅਹੁਦੇ ਤੋਂ ਸੇਵਾ ਮੁਕਤ ਹੋਏ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦ-ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਇਨ੍ਹਾਂ ਸ਼ਖਸੀਅਤਾਂ ਤੋਂ ਇਲਾਵਾ ਨੌਜਵਾਨ ਗਾਇਕ, ਗੀਤਕਾਰ ਅਤੇ ਅਦਾਕਾਰ ਸਰਦਾਰ ਸ਼ੁਭਦੀਪ ਸਿੰਘ ਸਿੱਧੂ, ਜੋ ਵਿਸ਼ਵ ਦੇ ਵਿੱਚ ਸਿੱਧੂ ਮੂਸੇਵਾਲਾ ਦੇ ਨਾਂ ਨਾਲ ਚਰਚਿਤ ਸਨ, ਵੀ ਸਾਨੂੰ ਮਿਤੀ 29 ਮਈ, 2022 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 11 ਜੂਨ, 1993 ਨੂੰ ਪਿੰਡ ਮੂਸਾ, ਜ਼ਿਲ੍ਹਾ ਮਾਨਸਾ ਵਿਖੇ ਹੋਇਆ। ਉਨ੍ਹਾਂ ਨੇ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਮਾਨਸਾ ਤੋਂ ਚੋਣ ਵੀ ਲੜੀ। ਉਨ੍ਹਾਂ ਨੇ ਛੋਟੀ ਉਮਰ ਵਿੱਚ ਕੌਮਾਂਤਰੀ ਪੱਧਰ ਤੇ ਨਾਮਣਾ ਖੱਟਿਆ। ਉਨ੍ਹਾਂ ਨੂੰ 'ਟਿੱਬਿਆਂ ਦਾ ਪੁੱਤ' ਵਜੋਂ ਵੀ ਜਾਣਿਆ ਜਾਂਦਾ ਹੈ।

ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ, ਉਨ੍ਹਾਂ ਦੇ ਪਰਿਵਾਰ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ।

**ਸਰਦਾਰ ਜੈ ਕ੍ਰਿਸ਼ਨ ਸਿੰਘ (ਗੜ੍ਹਸ਼ੰਕਰ)** : ਸਪੀਕਰ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਸੁਰਿੰਦਰ ਸਿੰਘ ਜੀ, ਮਿਤੀ 13 ਜੂਨ, 2022 ਨੂੰ ਦੇਰ ਰਾਤ ਦਿਲ ਦੀ ਧੜਕਣ ਰੁਕ

ਜਾਣ ਕਾਰਨ ਅਕਾਲ ਚਲਾਣਾ ਕਰ ਗਏ ਹਨ। ਸਰ, ਉਹ 2011 ਵਿੱਚ ਸ਼੍ਰੋਮਣੀ ਅਕਾਲੀ ਦਲ ਵਲੋਂ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਦੋਹਰੀ ਰਾਖਵੀਂ ਸੀਟ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਚੁਣੇ ਗਏ ਸਨ। ਉਹ 1973 ਤੋਂ ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਦੀਆਂ ਸੇਵਾਵਾਂ ਵਿੱਚ ਰੁੱਝੇ ਹੋਏ ਸਨ। ਸਾਲ 1992 ਤੱਕ ਨੇਤ੍ਰਹੀਣ ਗੁਰਮਤਿ ਸੰਗੀਤ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸੇਵਾ ਵੀ ਨਿਭਾਉਂਦੇ ਰਹੇ। ਉਹ ਸਾਲ 1995 ਤੋਂ ਸਿੱਖ ਮਿਸ਼ਨਰੀ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਸੰਸਥਾਪਕ ਅਤੇ ਪ੍ਰਿੰਸੀਪਲ ਵਜੋਂ ਵੀ ਸੇਵਾਵਾਂ ਨਿਭਾ ਰਹੇ ਸਨ। ਉਨ੍ਹਾਂ ਦੇ ਦੁਖਦਾਈ ਵਿਛੋੜੇ ਨਾਲ ਰਾਜ ਇਕ ਉੱਘੇ ਧਰਮ ਪ੍ਰਚਾਰਕ ਅਤੇ ਸਮਾਜ ਸੇਵੀ ਦੀਆਂ ਸੇਵਾਵਾਂ ਤੋਂ ਵਾਂਝਾ ਹੋ ਗਿਆ ਹੈ। ਸਰ, ਕਿਰਪਾ ਕਰਕੇ ਇਨ੍ਹਾਂ ਦਾ ਨਾਂ ਵੀ ਸ਼ਾਮਲ ਕੀਤਾ ਜਾਵੇ।

**ਮਾਨਯੋਗ ਸਪੀਕਰ** : ਠੀਕ ਹੈ ਜੀ। ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਇਸ ਨਾਂ ਨੂੰ ਸ਼ੋਕ ਪ੍ਰਸਤਾਵ ਦੀ ਲਿਸਟ ਵਿੱਚ ਸ਼ਾਮਲ ਕਰ ਲਿਆ ਜਾਵੇ ।

(ਅਵਾਜ਼ਾਂ : ਹਾਂ ਜੀ, ਹਾਂ ਜੀ)

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰ ਨੂੰ ਭੇਜ ਦਿੱਤੇ ਜਾਣਗੇ।

**ਡਾਕਟਰ ਰਾਜ ਕੁਮਾਰ (ਚੱਬੇਵਾਲ, ਐਸ.ਸੀ.)** : ਸਪੀਕਰ ਸਾਹਿਬ, ਸ਼੍ਰੀ ਸੰਦੀਪ ਨੰਗਲ ਅੰਬੀਆਂ ਦਾ ਵੀ ਪਿਛਲੇ ਦਿਨੀਂ ਲਾਅ ਐਂਡ ਆਰਡਰ ਦੀ ਵਿਵਸਥਾ ਖਰਾਬ ਹੋਣ ਕਾਰਨ ਕਤਲ ਹੋਇਆ, ਮਰਡਰ ਹੋਇਆ। ਉਨ੍ਹਾਂ ਦਾ ਨਾਂ ਵੀ ਸ਼ਾਮਲ ਕੀਤਾ ਜਾਵੇ ਅਤੇ ਇਸ ਦੇ ਨਾਲ ਹੀ ਬਹੁਤ ਕਿਸਾਨ ਆਤਮ ਹੱਤਿਆ ਕਰ ਚੁੱਕੇ ਹਨ। ਮੈਂ ਬੇਨਤੀ ਕਰਦਾ ਹਾਂ ਕਿ ਉਨ੍ਹਾਂ ਦਾ ਨਾਂ ਵੀ ਸ਼ਾਮਲ ਕੀਤਾ ਜਾਵੇ।

**ਮਾਨਯੋਗ ਸਪੀਕਰ** : ਹੁਣ ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਨੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਲਈ ਮੋਨ ਧਾਰਨ ਕੀਤਾ।)

**ਮਾਨਯੋਗ ਸਪੀਕਰ :** ਧੰਨਵਾਦ। ਸਦਨ ਦੀ ਕਾਰਵਾਈ 2.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਹੁੰਦੀ ਹੈ।

| | |
|---|---|
| *11.11 ਵਜੇ ਪੂਰਵ ਦੁਪਹਿਰ | (*ਇਸ ਉਪਰੰਤ ਸਦਨ ਮਿਤੀ 24 ਜੂਨ, 2002 ਦੇ 2.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਹੋ ਗਿਆ।) |

------